0/c

# ਪੰਜਾਬੀ ਭਾਸ਼ਾ ਪਸਾਰ ਭਾਈਚਾਰਾ

ਸੇਵਾ ਵਿਖੇ

ਹਵਾਲਾ ਨੰ: 701

ਮਿਤੀ : 06.12.2019

ਸ੍ਰੀ ਕ੍ਰਿਸ਼ਨ ਕੁਮਾਰ, ਆਈ.ਏ.ਐਸ.
ਸਕੱਤਰ, ਸਿੱਖਿਆ ਵਿਭਾਗ,
ਪੰਜਾਬ ਸਰਕਾਰ, ਚੰਡੀਗੜ੍ਹ।

**ਬੇਨਤੀ: ਪ੍ਰਾਈਵੇਟ ਸਕੂਲਾਂ ਵਿਚ ਪਹਿਲੀ ਤੋਂ ਦਸਵੀਂ ਜਮਾਤ ਤੱਕ ਪੰਜਾਬੀ ਵਿਸ਼ੇ ਦੀ ਪੜ੍ਹਾਈ ਨੂੰ ਯਕੀਨੀ ਅਤੇ ਮਿਆਰੀ ਬਣਾਉਣ ਲਈ ਬੇਨਤੀ ਪੱਤਰ।**

ਸ੍ਰੀ ਮਾਨ ਜੀ,

ਨਿਮਰਤਾ ਸਹਿਤ ਆਪ ਜੀ ਦੇ ਇਹ ਧਿਆਨ ਵਿਚ ਲਿਆਂਦਾ ਜਾ ਰਿਹਾ ਹੈ ਕਿ ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਪਿਛਲੇ ਡੇਢ ਸਾਲ ਤੋਂ ਪੰਜਾਬੀ ਦੇ ਵਿਕਾਸ ਅਤੇ ਪਸਾਰ ਲਈ ਯਤਨਸ਼ੀਲ ਹੈ।

ਪੰਜਾਬ ਸਰਕਾਰ, ਵਿਸ਼ੇਸ਼ ਕਰ ਪੰਜਾਬ ਸਰਕਾਰ ਦੇ ਪ੍ਰਤੀਨਿਧ ਹੋਣ ਦੇ ਨਾਤੇ ਭਾਈਚਾਰਾ ਆਪ ਜੀ ਦਾ ਅਤਿ ਧੰਨਵਾਦੀ ਹੈ ਕਿ ਆਪ ਜੀ ਨੇ ਵਿਸ਼ੇਸ਼ ਰੁੱਚੀ ਲੈ ਕੇ, ਪੰਜਾਬੀ ਭਾਸ਼ਾ ਦੇ ਪਸਾਰ ਨੂੰ ਯਕੀਨੀ ਬਣਾਉਣ ਲਈ, 'ਪੰਜਾਬ ਪੰਜਾਬੀ ਅਤੇ ਹੋਰ ਭਾਸ਼ਾਵਾਂ ਜਾਣਕਾਰੀ ਐਕਟ 2008' ਦੀਆਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਪੰਜਾਬ ਸਰਕਾਰ ਕੋਲੋਂ ਵਿਸ਼ੇਸ਼ ਹੁਕਮ ਜਾਰੀ ਕਰਵਾਏ ਅਤੇ ਫੇਰ ਉਨ੍ਹਾਂ ਹੁਕਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਸਮੇਂ-ਸਮੇਂ ਤੇ ਸਬੰਧਤ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ।

ਪ੍ਰਾਈਵੇਟ ਸਕੂਲਾਂ ਵਿਚ ਪੰਜਾਬੀ ਦੀ ਪੜ੍ਹਾਈ ਨੂੰ ਮਿਆਰੀ ਬਣਾਉਣ ਲਈ ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਆਪ ਜੀ ਨੂੰ ਹੇਠ ਲਿਖੀਆਂ ਬੇਨਤੀਆਂ ਕੀਤੀਆਂ ਜਾਂਦੀਆਂ ਹਨ:

1. 'ਪੰਜਾਬ ਪੰਜਾਬੀ ਅਤੇ ਹੋਰ ਭਾਸ਼ਾਵਾਂ ਜਾਣਕਾਰੀ ਐਕਟ 2008' ਦੀਆਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਹੁਕਮ ਹਾਲੇ ਤੱਕ ਬਹੁਤੇ ਸਕੂਲਾਂ ਤੱਕ ਨਹੀਂ ਪਹੁੰਚੇ। ਕਿਰਪਾ ਕਰਕੇ ਇਹਨਾਂ ਹੁਕਮਾਂ ਨੂੰ ਪ੍ਰਾਈਵੇਟ ਸਕੂਲਾਂ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣ ਜੀ।
2. ਪ੍ਰਾਈਵੇਟ ਸਕੂਲਾਂ ਵਿਚ ਪੰਜਾਬੀ ਦੀ ਪੜ੍ਹਾਈ ਲਈ ਨਿਸ਼ਚਿਤ ਪਾਠਕ੍ਰਮ ਮਿਆਰੀ ਅਤੇ ਇੱਕੋ ਜਿਹਾ ਨਹੀਂ ਹੈ। ਪਾਠਕ੍ਰਮ ਮਿਆਰੀ ਅਤੇ ਇਕਸਾਰ ਬਣਾਉਣ ਲਈ ਉਪਰਾਲੇ ਕੀਤੇ ਜਾਣ ਜੀ।

**PUNJABI BHASHA PASAAR BHAICHARA**
ਸੰਪਰਕ/Contact : punjabibpbhaichara@gmail.com www.punjabibhashapasaarbhaichara.org
ਮੁੱਖ ਦਫ਼ਤਰ : 297, ਗਲੀ ਨੰ. 5, ਉਪਕਾਰ ਨਗਰ, ਸਿਵਿਲ ਲਾਈਨਜ਼, ਲੁਧਿਆਣਾ।

3. ਪ੍ਰਾਈਵੇਟ ਸਕੂਲਾਂ ਦੀਆਂ ਪੁਸਤਕਾਂ ਵਿੱਚ ਪੰਜਾਬੀ ਭਾਸ਼ਾ ਦੀਆਂ ਤਰੁੱਟੀਆਂ ਨੂੰ ਖਤਮ ਕਰਨ ਅਤੇ ਇਹਨਾਂ ਪੁਸਤਕਾਂ ਦੇ ਸੰਪਾਦਨ ਨੂੰ ਮਿਆਰੀ ਬਣਾਉਣ ਲਈ ਲੋੜੀਂਦੇ ਉਪਰਾਲੇ ਕੀਤੇ ਜਾਣ ਜੀ।

ਧੰਨਵਾਦ ਸਹਿਤ। ਉਸਾਰੂ ਹੁੰਗਾਰੇ ਦੀ ਉਡੀਕ ਵਿਚ।

ਪ੍ਰਾਰਥੀ

(ਮਿੱਤਰ ਸੈਨ ਮੀਤ)
ਸਹਾਇਕ ਸੰਚਾਲਕ

(ਦਵਿੰਦਰ ਸਿੰਘ ਘਟੌੜਾ)
ਸਹਾਇਕ ਸੰਚਾਲਕ ਕਨੇਡਾ ਇਕਾਈ

(ਗੁਰਪ੍ਰੀਤ ਸਿੰਘ ਨਿਆਮੀਆ)
ਸੰਚਾਲਕ ਮੋਹਾਲੀ ਇਕਾਈ

(ਹਰਬਖਸ਼ ਸਿੰਘ ਗਰੇਵਾਲ)
ਸਹਾਇਕ ਸੰਚਾਲਕ

(ਇੰਦਰਪਾਲ ਸਿੰਘ)
ਸਹਾਇਕ ਸੰਚਾਲਕ

(ਸੁਖਿੰਦਰਪਾਲ ਸਿੰਘ ਸਿੱਧੂ)
ਸਹਾਇਕ ਸੰਚਾਲਕ

(ਮਹਿੰਦਰ ਸਿੰਘ ਸੇਖੋਂ)
(ਸਹਾਇਕ ਸੰਚਾਲਕ)